# ਆਕਾਸ਼ਵਾਣੀ ਜਲੰਧਰ

# ਪ੍ਰਾਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :21-05-2026**

ਅੱਜ ਸਾਰੇ ਦੇਸ਼ ਵਿੱਚ ਅੱਤਵਾਦ ਵਿਰੋਧੀ ਦਿਵਸ ਮਨਾਇਆ ਜਾ ਰਿਹਾ ਏ। ਇਸ ਦਿਨ ਨੂੰ ਮਨਾਉਣ ਦਾ ਮਕਸਦ, ਨੌਜਵਾਨਾਂ ਨੂੰ ਅੱਤਵਾਦ ਅਤੇ ਹਿੰਸਾ ਦੇ ਰਾਹ ਤੋਂ ਦੂਰ ਰੱਖਣਾ, ਆਮ ਲੋਕਾਂ ਦੇ ਦੁੱਖਾਂ ਨੂੰ ਉਜਾਗਰ ਕਰਨ ਅਤੇ ਇਹ ਦਿਖਾਉਣਾ ਏ ਕਿ ਇਹ ਰਾਸ਼ਟਰੀ ਹਿੱਤ ਵਿਚ ਕਿੰਨਾ ਨੁਕਸਾਨਦੇਹ ਏ। 1991 ਵਿੱਚ ਇਸੇ ਦਿਨ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਅੱਤਵਾਦੀਆਂ ਦੀਆਂ ਸਾਜ਼ਿਸ਼ਾਂ ਦਾ ਸ਼ਿਕਾਰ ਹੋ ਗਏ ਸਨ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਸਾਂਝੀ ਕਰਦੇ ਹੋਏ ਸਾਬਕਾ ਪ੍ਰਧਾਨ ਮੰਤਰੀ ਰਾਜੀਵ ਗਾਂਧੀ ਨੂੰ ਉਨ੍ਹਾਂ ਦੀ ਬਰਸੀ 'ਤੇ ਸ਼ਰਧਾਂਜਲੀ ਭੇਟ ਕੀਤੀ ਏ।

-----------------------------------------------------

ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਨੇ ਕਿਹਾ ਏ ਕਿ ਰੇਲਵੇ ਓਵਰਬ੍ਰਿਜ (ਆਰ.ਓ.ਬੀ.) ਦੀ ਉਸਾਰੀ ਤੋਂ ਬਾਅਦ ਲੈਵਲ ਕਰਾਸਿੰਗਾਂ ਨੂੰ ਬੰਦ ਕਰਨਾ ਹੁਣ ਲਾਜ਼ਮੀ ਨਹੀਂ ਏ, ਬਸ਼ਰਤੇ ਇਹ ਤਕਨੀਕੀ ਤੇ

ਕਾਰਜਸ਼ੀਲ ਤੌਰ 'ਤੇ ਸੰਭਵ ਹੋਵੇ। ਉਨ੍ਹਾਂ ਕਿਹਾ ਕਿ ਭਾਰਤੀ ਰੇਲਵੇ ਨੇ ਸਥਾਨਕ ਲੋਕਾਂ, ਨੇੜਲੇ ਦੁਕਾਨਦਾਰਾਂ ਅਤੇ ਛੋਟੇ ਪੱਧਰ ਦੇ ਵਪਾਰੀਆਂ ਦੀ ਰੋਜ਼ੀ-ਰੋਟੀ ਲਈ ਆਰ.ਓ.ਬੀ. ਦੀ ਉਸਾਰੀ ਤੋਂ ਬਾਅਦ ਵੀ ਲੈਵਲ ਕਰਾਸਿੰਗਾਂ ਨੂੰ ਚਾਲੂ ਰੱਖਣ ਲਈ ਲੋਕ-ਹਿੱਤ ਵਾਲੀ ਨੀਤੀ ਅਪਣਾਈ ਹੋਈ ਏ। ਸ੍ਰੀ ਰਵਨੀਤ ਸਿੰਘ ਕੱਲ੍ਹ ਚੰਡੀਗੜ੍ਹ ਦੇ ਨੇੜੇ ਬਲਟਾਣਾ ਵਿਚ ਪੁੱਜੇ ਹੋਏ ਸਨ, ਜਿੱਥੇ ਉਨ੍ਹਾਂ ਨੇ ਸੂਬੇ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਦੇ ਨਾਲ ਅੰਬਾਲਾ-ਚੰਡੀਗੜ੍ਹ ਰੇਲ ਸੈਕਸ਼ਨ 'ਤੇ ਸਥਿਤ ਲੈਵਲ ਕਰਾਸਿੰਗ ਨੰਬਰ-123 'ਤੇ ਰੋਡ ਅੰਡਰ ਬ੍ਰਿਜ (ਆਰ.ਯੂ.ਬੀ.) ਦਾ ਨੀਂਹ-ਪੱਥਰ ਰੱਖਿਆ। ਇਸ ਮੌਕੇ ਰਾਜਪਾਲ ਕਟਾਰੀਆ ਨੇ ਕਿਹਾ ਕਿ ਭਾਰਤੀ ਰੇਲਵੇ ਦੇਸ਼ ਵਿਚ 'ਅਨੇਕਤਾ ਵਿੱਚ ਏਕਤਾ' ਦੀ ਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਏ ਕਿਉਂਕਿ ਇਹ ਵੱਖ-ਵੱਖ ਸਭਿਆਚਾਰਾਂ ਦੇ ਲੋਕਾਂ ਨੂੰ ਇੱਕ ਸੁਮੇਲ ਧਾਗੇ ਵਿੱਚ ਬੁਣਨ ਦੇ ਕੰਮ ਵਿੱਚ ਸਰਗਰਮੀ ਨਾਲ ਰੁੱਝੀ ਹੋਈ ਏ।

---------------------------------------------------------------

ਜਲੰਧਰ ਪ੍ਰਸ਼ਾਸਨ ਵੱਲੋਂ ਫੇਫੜਿਆਂ ਦੀ ਦੇਖਭਾਲ ਬਾਰੇ ਫਾਊਂਡੇਸ਼ਨ ਦੇ ਸਹਿਯੋਗ ਨਾਲ ਕੱਲ੍ਹ  'ਸਾਂਝੀ ਹਵਾ ਤੇ ਸਿਹਤ' ਸਿਰਲੇਖ ਤਹਿਤ ਸਮਰੱਥਾ ਨਿਰਮਾਣ ਸੈਸ਼ਨ ਕਰਵਾਇਆ ਗਿਆ। ਇਹ ਖਾਸ ਸੈਸ਼ਨ ਸੰਯੁਕਤ ਰਾਸ਼ਟਰ ਵਾਤਾਵਰਣ ਪ੍ਰੋਗਰਾਮ (ਯੂ.ਐੱਨ.ਈ.ਪੀ.) ਦੇ

ਸਹਿਯੋਗ ਨਾਲ ਚੱਲ ਰਹੇ ਯਤਨਾਂ ਤਹਿਤ ਕਰਵਾਇਆ ਗਿਆ ਸੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਮਨਿੰਦਰ ਕੌਰ ਨੇ ਕਿਹਾ

Byte

ਸੈਸ਼ਨ ਦੌਰਾਨ ਹਵਾ ਪ੍ਰਦੂਸ਼ਣ ਦੇ ਸਿਹਤ 'ਤੇ ਪੈਣ ਵਾਲੇ ਅਸਰ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।

---------------------------------------------------------------

ਰਾਮਪੁਰਾ ਬਲਾਕ ਦਾ ਪਿੰਡ ਗਿੱਲ ਕਲਾਂ ਭਾਈਚਾਰਕ ਸਾਂਝ ’ਤੇ ਅਧਾਰਤ ਜਲ ਪ੍ਰਬੰਧ ਦਾ ਸ਼ਾਨਦਾਰ ਮਾਡਲ ਬਣ ਕੇ ਉੱਭਰਿਆ ਏ, ਜਿੱਥੇ ਜਨਤਕ ਭਾਈਵਾਲੀ ਸਦਕਾ ਹਰ ਘਰ ਤੱਕ ਟੈਪ ਵਾਟਰ ਸਪਲਾਈ ਪਹੁੰਚ ਗਈ ਏ। ਬਠਿੰਡਾ ਦੇ ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਪਿੰਡ ਦੇ ਜਲ ਪ੍ਰਬੰਧ ਯਤਨਾਂ ਨੂੰ ਜਲ ਜੀਵਨ ਮਿਸ਼ਨ ਤਹਿਤ ਹੋਈ ‘ਸੁਜਲ ਗ੍ਰਾਮ ਸੰਵਾਦ’ ਦੀ ਵਰਚੁਅਲ ਕਾਨਫਰੰਸ ਦੌਰਾਨ ਸ਼ਲਾਘਾ ਮਿਲੀ ਏ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਗਿੱਲ ਕਲਾਂ ਨੇ ਨਹਿਰੀ ਪਾਣੀ ’ਤੇ ਅਧਾਰਤ ਪਿੰਡ ਦੀ ਜਲ ਸਪਲਾਈ ਯੋਜਨਾ ਨੂੰ ਸਾਲ 2020 ਵਿੱਚ ਅਪਗ੍ਰੇਡ ਕੀਤਾ ਸੀ। ਇਸ ਤੋਂ ਬਾਅਦ ਸਾਲ 2021-22 ਦੌਰਾਨ ਇਸ ਦੀ ਮਜ਼ਬੂਤੀ ਲਈ ਹੋਰ ਕੰਮ ਕੀਤੇ ਗਏ। ਬਾਅਦ ਵਿੱਚ ਸਤੰਬਰ 2022 ਵਿੱਚ ਇਸ ਯੋਜਨਾ ਨੂੰ ਸਥਾਨਕ ਪ੍ਰਬੰਧ ਲਈ ਗ੍ਰਾਮ ਪੰਚਾਇਤ ਵਾਟਰ ਸਪਲਾਈ ਕਮੇਟੀ ਦੇ ਹਵਾਲੇ ਕੀਤਾ ਗਿਆ ਸੀ।

ਉਨ੍ਹਾਂ ਦੱਸਿਆ ਕਿ ਪਿੰਡ ਦੇ ਸਾਰੇ 784 ਘਰਾਂ ਨੂੰ ਹੁਣ ਟੈਪ ਵਾਟਰ ਕੁਨੈਕਸ਼ਨ ਮੁਹੱਈਆ ਨੇ।

---------------------------------------------------------------

ਡਾ. ਬੀ. ਆਰ. ਅੰਬੇਡਕਰ ਰਾਸ਼ਟਰੀ ਤਕਨੀਕੀ ਅਦਾਰਾ ਜਲੰਧਰ ਨੇ ਖੋਜ ਅਤੇ ਨਵੀਂ ਤਕਨਾਲੋਜੀ ਦੇ ਖੇਤਰ ਵਿੱਚ ਵੱਡੀ ਪ੍ਰਾਪਤੀ ਕੀਤੀ ਏ। ਸਟੀਲ ਦੀ ਸਤ੍ਹਾ ਨੂੰ ਲੰਬੇ ਸਮੇਂ ਤੱਕ ਸੁਰੱਖਿਅਤ ਰੱਖਣ ਵਾਲੀ ਖਾਸ ਕੋਟਿੰਗ ਤਕਨਾਲੋਜੀ ਲਈ ਇਸ ਸੰਸਥਾ ਨੂੰ ਭਾਰਤੀ ਪੇਟੈਂਟ ਪ੍ਰਾਪਤ ਹੋਇਆ ਏ। ਕੇਂਦਰ ਸਰਕਾਰ ਦੇ ਪੇਟੈਂਟ ਕੇਂਦਰ ਨੇ "ਜ਼ਿੰਕ ਅਧਾਰਤ ਐਪੋਕਸੀ ਕੋਟਿੰਗ ਤਕਨਾਲੋਜੀ" ਨਾਲ ਸਬੰਧਤ ਇਸ ਤਕਨਾਲੋਜੀ ਲਈ ਪੇਟੈਂਟ ਜਾਰੀ ਕੀਤਾ ਏ। ਇਹ ਪੇਟੈਂਟ ਪਹਿਲੀ ਜੁਲਾਈ 2025 ਨੂੰ ਦਾਖ਼ਲ ਕੀਤਾ ਗਿਆ ਸੀ ਜੋ ਕਿ ਅਗਲੇ 20 ਸਾਲਾਂ ਤੱਕ ਮੰਨਣਯੋਗ ਹੋਵੇਗਾ। ਇਸ ਤਕਨਾਲੋਜੀ ਨੂੰ ਡਾ. ਸੁਮਿਤ ਸ਼ਰਮਾ, ਡਾ. ਅਸ਼ੋਕ ਕੁਮਾਰ ਤੇ ਬੀ.ਟੈੱਕ ਮਕੈਨੀਕਲ ਇੰਜੀਨੀਅਰਿੰਗ ਦੇ ਵਿਦਿਆਰਥੀਆਂ ਨੇ ਮਿਲ ਕੇ ਵਿਕਸਤ ਕੀਤਾ ਏ। ਇਹ ਤਕਨਾਲੋਜੀ ਖਾਸ ਸੁਰੱਖਿਆ ਪਰਤ ਤਿਆਰ ਕਰਨ ਨਾਲ ਸਬੰਧਤ ਏ, ਜਿਹੜੀ ਕਿ ਸਟੀਲ ਨੂੰ ਜ਼ੰਗ ਲੱਗਣ ਤੋਂ ਬਚਾਉਂਦੀ ਏ।

---------------------------------------------------------------

ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ 2 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਕੇ ਨਸ਼ਿਆਂ, ਗੈਰ-ਕਾਨੂੰਨੀ ਹਥਿਆਰ ਤੇ ਗੋਲਾ-ਬਾਰੂਦ ਦੀ ਤਸਕਰੀ ਕਰਨ ਵਾਲੇ ਗਿਰੋਹ ਦਾ ਪਰਦਾਫਾਸ਼ ਕੀਤਾ ਏ। ਇਨ੍ਹਾਂ ਦੇ ਕਬਜ਼ੇ ਵਿੱਚੋਂ 5 ਕਿੱਲੋ ਤੋਂ ਵੱਧ ਹੈਰੋਇਨ ਦੇ ਨਾਲ 4 ਪਿਸਤੌਲ ਅਤੇ 10 ਰੌਂਦ ਬਰਾਮਦ ਕੀਤੇ ਗਏ ਨੇ। ਮੁੱਢਲੀ ਜਾਂਚ ਤੋਂ ਪਤਾ ਲੱਗਿਆ ਏ ਕਿ ਗ੍ਰਿਫ਼ਤਾਰ ਕੀਤੇ ਗਏ ਮੁਲਜ਼ਮ ਸਰਹੱਦ ਪਾਰਲੇ ਤਸਕਰ ਦੇ ਸੰਪਰਕ ਵਿੱਚ ਸਨ। ਇਨ੍ਹਾਂ ਨੇ ਪੰਜਾਬ ਵਿੱਚ ਅੱਗੇ ਵੰਡਣ ਲਈ ਹਥਿਆਰ/ਗੋਲਾ-ਬਾਰੂਦ ਦੀਆਂ ਖੇਪਾਂ ਪ੍ਰਾਪਤ ਕੀਤੀਆਂ ਸਨ।

---

ਪੰਜਾਬ ਅਤੇ ਹਰਿਆਣਾ ਵਿੱਚ 26 ਮਈ ਤੱਕ ਲੂ ਵਗਣ ਤੇ ਤੇਜ਼ ਹਵਾਵਾਂ ਜਾਰੀ ਰਹਿਣ ਤੇ ਕਈ ਹਿੱਸਿਆਂ ਦੇ ਪ੍ਰਭਾਵਿਤ ਹੋਣ ਦੀ ਸੰਭਾਵਨਾ ਏ। ਭਾਰਤੀ ਮੌਸਮ ਵਿਭਾਗ (ਆਈ.ਐੱਮ.ਡੀ.) ਵੱਲੋਂ ਇਨ੍ਹਾਂ ਦੋਵਾਂ ਸੂਬਿਆਂ ਵਿੱਚ ਪਹਿਲਾਂ ਹੀ ਆਰੈਂਜ ਅਲਰਟ ਜਾਰੀ ਕੀਤਾ ਜਾ ਚੁੱਕਿਆ ਏ। ਪਿਛਲੇ ਕੁਝ ਦਿਨਾਂ ਤੋਂ ਦੋਵੇਂ ਸੂਬੇ ਗਰਮੀ ਦੀ ਲਹਿਰ ਤੋਂ ਲੈ ਕੇ ਭਿਆਨਕ ਗਰਮੀ ਦੀ ਲਹਿਰ ਵਾਲੀਆਂ ਸਥਿਤੀਆਂ ਦਾ ਸਾਹਮਣਾ ਕਰ ਰਹੇ ਨੇ, ਕਿਉਂਕਿ ਵੱਧ ਤੋਂ ਵੱਧ ਤਾਪਮਾਨ 40 ਤੋਂ 46 ਡਿਗਰੀ ਸੈਲਸੀਅਸ ਤੋਂ ਵੱਧ ਤੱਕ ਦਰਜ ਕੀਤਾ ਜਾ ਰਿਹਾ ਏ |